# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :21-11-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ -ਗ੍ਰਹਿ ਮੰਤਰਾਲੇ ਨੇ ਸੀਮਾ ਸੁਰੱਖਿਆ ਬਲ ਨੂੰ ਦੁਨੀਆ ਦਾ ਸਭ ਤੋਂ ਆਧੁਨਿਕ ਬਲ ਬਣਾਉਣ ਲਈ, ਪੰਜ ਸਾਲਾਂ ਦਾ ਟੀਚਾ ਰੱਖਿਆ ਏ ।
- ਲੁਧਿਆਣਾ ਪੁਲਿਸ ਵੱਲੋਂ ਕੱਲ ਮੁਕਾਬਲੇ ਤੋਂ ਬਾਅਦ ਫੜੇ ਗਏ ਪਾਕਿਸਤਾਨੀ ਖੁਫੀਆ ਏਜੰਸੀ ਦੇ ਦੋ ਮੈਂਬਰਾਂ ਦੀ ਪਛਾਣ ਕਰਕੇ ਅਗਲੀ ਕਾਰਵਾਈ ਸ਼ੁਰੂ ਕੀਤੀ ਗਈ ।
- ਸ੍ਰੀ ਅਨੰਦਪੁਰ ਸਾਹਿਬ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਆਉਣ ਵਾਲੇ ਸ਼ਰਧਾਲੂਆਂ ਦਾ ਸਵਾਗਤ ਕਰਨ ਲਈ ਤਿਆਰ ।

- ਸੰਯੁਕਤ ਅਰਬ ਅਮੀਰਾਤ ਵਿੱਚ ਦੁਬਈ ਏਅਰ ਸ਼ੋਅ ਦੌਰਾਨ ਅੱਜ ਭਾਰਤੀ ਹਵਾਈ ਸੈਨਾ ਦਾ ਤੇਜਸ ਲੜਾਕੂ ਜਹਾਜ਼ ਹਾਦਸੇ ਦਾ ਸ਼ਿਕਾਰ ਹੋ ਗਿਆ- ਹਾਦਸੇ ਵਿਚ ਪਾਇਲਟ ਦੀ ਮੌਤ।
- ਗੁਰਦਸਪੁਰ ਦੇ ਖੇਤੀਬਾੜੀ ਵਿਭਾਗ ਵੱਲੋਂ ਜਿਲਾ ਪੱਧਰੀ ਕਿਸਾਨ ਮੇਲੇ ਦਾ ਆਯੋਜਨ I

***ਹੁਣ ਖਬਰਾਂ ਵਿਸਥਾਰ ਨਾਲ***

---

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਐਲਾਨ ਕੀਤਾ ਏ ਕਿ ਅਗਲਾ ਇੱਕ ਸਾਲ ਸੀਮਾ ਸੁਰੱਖਿਆ ਬਲ (BSF) ਦੇ ਆਧੁਨਿਕੀਕਰਨ ਅਤੇ ਇਸਦੇ ਕਰਮਚਾਰੀਆਂ ਦੀ ਭਲਾਈ ਲਈ ਸਮਰਪਿਤ ਹੋਵੇਗਾ। ਗੁਜਰਾਤ ਦੇ ਭੁਜ, ਵਿੱਚ BSF ਦੇ ਸਥਾਪਨਾ ਦਿਵਸ ਸਮਾਰੋਹ ਨੂੰ ਸੰਬੋਧਨ ਕਰਦੇ ਹੋਏ, ਗ੍ਰਹਿ ਮੰਤਰੀ ਨੇ ਕਿਹਾ ਕਿ ਗ੍ਰਹਿ ਮੰਤਰਾਲੇ ਨੇ BSF ਨੂੰ ਦੁਨੀਆ ਦਾ ਸਭ ਤੋਂ ਆਧੁਨਿਕ ਬਲ ਬਣਾਉਣ ਲਈ ਪੰਜ ਸਾਲਾਂ ਦਾ ਟੀਚਾ ਰੱਖਿਆ ਏ। **BYTE:**

ਉਨ੍ਹਾਂ ਨੇ ਸਰਕਾਰ ਦੀ ਇੱਕ ਵੱਡੀ ਪਹਿਲਕਦਮੀ, 'ਈ-ਬਾਰਡਰ' ਸੁਰੱਖਿਆ ਦੇ ਨਵੇਂ ਸੰਕਲਪ ਨੂੰ ਲਾਗੂ ਕਰਨ ਵਿੱਚ BSF ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਇਆ | **BYTE:RNU211125**

BSF ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਦੇ ਹੋਏ, ਗ੍ਰਹਿ ਮੰਤਰੀ ਨੇ ਕਿਹਾ ਕਿ ਬਲ ਨੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਵੱਖ-ਵੱਖ ਕਾਰਵਾਈਆਂ ਵਿੱਚ 12 ਲੱਖ 95 ਹਜ਼ਾਰ ਕਰੋੜ ਰੁਪਏ ਦੇ ਨਸ਼ੀਲੇ ਪਦਾਰਥ ਜ਼ਬਤ ਕੀਤੇ ਹਨ। ਅਮਿਤ ਸ਼ਾਹ ਨੇ ਬੀਐਸਐਫ ਦੇ ਕੰਮ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਦੇਸ਼ 31 ਮਾਰਚ, 2026 ਤੱਕ ਨਕਸਲਵਾਦ ਤੋਂ ਮੁਕਤ ਹੋ ਜਾਵੇਗਾ । ਇਸ ਮੌਕੇ 'ਤੇ, ਅਮਿਤ ਸ਼ਾਹ ਨੇ ਡਾਇਮੰਡ ਜੁਬਲੀ ਜਸ਼ਨਾਂ ਨੂੰ ਮਨਾਉਣ ਲਈ ਇੱਕ ਯਾਦਗਾਰੀ ਡਾਕ ਟਿਕਟ ਜਾਰੀ ਕੀਤੀ ਅਤੇ ਪਰੇਡ ਦਾ ਨਿਰੀਖਣ ਕੀਤਾ।

---------------------------------------------------------------------------

ਬੀਤੀ ਸ਼ਾਮ ਲੁਧਿਆਣਾ ਪੁਲਿਸ ਵੱਲੋਂ ਕੀਤੀ ਗਈ ਜਵਾਬੀ ਗੋਲੀਬਾਰੀ ਵਿੱਚ ਜ਼ਖਮੀ ਹੋਏ, ਪਾਕਿਸਤਾਨੀ ਖੁਫੀਆ ਏਜੰਸੀ-ISI-ਸਮਰਥਿਤ ਮਲਟੀ-ਸਟੇਟ ਗੈਂਗਸਟਰ-ਟੈਰਰ ਮਾਡਿਊਲ ਦੇ ਦੋ ਮੈਂਬਰਾਂ ਦੀ ਪਛਾਣ ਰਾਜਸਥਾਨ ਦੇ ਦੀਪਕ ਅਤੇ ਰਾਮ ਲਾਲ ਵਜੋਂ ਹੋਈ ਏ । ਇਨ੍ਹਾਂ ਵਿੱਚੋਂ ਇੱਕ ਦੀ ਹਾਲਤ ਗੰਭੀਰ ਏ । ਲੁਧਿਆਣਾ ਦੇ ਪੁਲਿਸ

ਕਮਿਸ਼ਨਰ, ਸਵਪਨ ਸ਼ਰਮਾ ਨੇ ਖੁਲਾਸਾ ਕੀਤਾ ਏ ਕਿ ਦੋਵੇਂ ਰਾਜਸਥਾਨ ਤੋਂ ਲੁਧਿਆਣਾ ਆਏ ਸਨ ਅਤੇ ਪਿਛਲੇ ਦੋ ਦਿਨਾਂ ਤੋਂ ਇੱਥੇ ਰਹਿ ਕੇ ਗ੍ਰਨੇਡ ਹਮਲੇ ਦੀ ਯੋਜਨਾ ਬਣਾ ਰਹੇ ਸਨ। ਇਨ੍ਹਾਂ ਦੋਵਾਂ ਕਾਰਕੁਨਾਂ ਨੂੰ ਪਾਕਿਸਤਾਨ ਸਥਿਤ ਹੈਂਡਲਰ ਜਸਵੀਰ ਚੌਧਰੀ ਨੇ ਹਮਲਾ ਕਰਨ ਲਈ ਭੇਜਿਆ ਸੀ। ਇਨ੍ਹਾਂ ਤੋਂ ਦੋ ਚੀਨੀ ਹੈਂਡਲਰ, ਪੰਜ ਆਧੁਨਿਕ ਪਿਸਤੌਲ ਅਤੇ ਲਗਭਗ 50 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਗਏ ਨੇ। ਪੁਲਿਸ ਕਮਿਸ਼ਨਰ ਨੇ ਕਿਹਾ ਕਿ ਇਹ ਇੱਕ ਨਵਾਂ ਅਤੇ ਖ਼ਤਰਨਾਕ ਰੁਝਾਨ ਹੈਏ, ਜਿਸ ਵਿੱਚ ਪਾਕਿਸਤਾਨ -ਅਧਾਰਤ ਹੈਂਡਲਰ ਪੰਜਾਬ ਵਿੱਚ ਦਹਿਸ਼ਤਗਰਦੀ ਗਤੀਵਿਧੀਆਂ ਲਈ ਦੂਜੇ ਸੂਬਿਆਂ ਦੇ ਅਪਰਾਧੀਆਂ ਦੀ ਵਰਤੋਂ ਕਰ ਰਹੇ ਹਨ ਤਾਂ ਜੋ ਉਹ ਪਤਾ ਲੱਗਣ ਤੋਂ ਬਚ ਸਕਣ।

BYTE :

ਲੁਧਿਆਣਾ ਕਮਿਸ਼ਨਰੇਟ ਪੁਲਿਸ ਨੇ ਪਹਿਲਾਂ ਵੀ ਤਿੰਨ ਮੁਲਜ਼ਮਾਂ, ਫਿਰੋਜ਼ਪੁਰ ਦੇ ਸ਼ਮਸ਼ੇਰ ਸਿੰਘ, ਹਰਿਆਣਾ ਦੇ ਅਜੈ ਅਤੇ ਬਿਹਾਰ ਦੇ ਹਰਸ਼ ਕੁਮਾਰ ਓਝਾ - ਨੂੰ ਗ੍ਰਿਫਤਾਰ ਕਰਕੇ ਅਜਿਹੇ ਇੱਕ ਮਾਡਿਊਲ ਦਾ ਪਰਦਾਫਾਸ਼ ਕੀਤਾ ਸੀ।

---------------------------------------------------------------------

ਪੰਜਾਬ ਦਾ ਪਵਿੱਤਰ ਸ਼ਹਿਰ ਸ੍ਰੀ ਅਨੰਦਪੁਰ ਸਾਹਿਬ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਮੱਥਾ ਟੇਕਣ ਲਈ ਦੁਨੀਆ ਭਰ ਤੋਂ ਆਉਣ ਵਾਲੇ ਸ਼ਰਧਾਲੂਆਂ ਦਾ ਸਵਾਗਤ ਕਰਨ ਲਈ ਤਿਆਰ ਏ । ਇਸ ਮੌਕੇ ਨੂੰ ਯਾਦਗਾਰੀ ਬਣਾਉਣ ਲਈ, 23 ਤੋਂ 25 ਨਵੰਬਰ ਤੱਕ ਕਈ ਸਮਾਗਮਾਂ ਦਾ ਆਯੋਜਨ ਕੀਤਾ ਗਿਆ ਏ। ਸੂਬੇ ਭਰ ਵਿੱਚ ਲਾਈਟ ਐਂਡ ਸਾਊਂਡ ਸ਼ੋਅ ਆਯੋਜਿਤ ਕੀਤੇ ਜਾ ਰਹੇ ਨੇ। ਸ੍ਰੀਨਗਰ ਦੇ ਗੁਰਦੁਆਰਾ ਛੇਵੀਂ ਪਾਤਸ਼ਾਹੀ ਤੇ ਅਸਾਮ ਦੇ ਗੁਰਦੁਆਰਾ ਪਾਤਸ਼ਾਹੀ ਨੌਵੀਂ ਧੋਬੜੀ ਸਾਹਿਬ ਸਮੇਤ ਵੱਖ-ਵੱਖ ਥਾਵਾਂ 'ਤੇ ਨਗਰ ਕੀਰਤਨ ਸਜਾਏ ਗਏ, ਜੋ ਕੱਲ੍ਹ 22 ਨਵੰਬਰ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚਣਗੇ। ਇਸੇ ਤਰਾਂ ਫਰੀਦਕੋਟ ਜ਼ਿਲ੍ਹੇ ਤੋਂ ਸ਼ੁਰੂ ਹੋਇਆ ਪਵਿੱਤਰ ਨਗਰ ਕੀਰਤਨ ਦਾ ਅੱਜ ਲੁਧਿਆਣਾ ਪਹੁੰਚਣ 'ਤੇ ਹਜ਼ਾਰਾਂ ਸ਼ਰਧਾਲੂਆਂ ਨੇ ਸ਼ਰਧਾ ਨਾਲ ਸਵਾਗਤ ਕੀਤਾ। ਲੁਧਿਆਣਾ ਦਿਹਾਤੀ ਪੁਲਿਸ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਲੈ ਕੇ ਜਾ ਰਹੀ ਪਾਲਕੀ ਸਾਹਿਬ ਨੂੰ ਰਸਮੀ ਗਾਰਡ ਆਫ਼ ਆਨਰ ਦਿੱਤਾ, ਜਦੋਂ ਕਿ ਸ਼ਰਧਾਲੂਆਂ ਨੇ ਸ਼ਰਧਾ ਨਾਲ ਫੁੱਲਾਂ ਦੀ ਵਰਖਾ ਕੀਤੀ । ਇਹ ਅਲੌਕਿਕ ਨਗਰ ਕੀਰਤਨ ਕੁਝ ਘੰਟਿਆ ਲਈ ਗੁਰਦੁਆਰਾ ਸ੍ਰੀ ਦੁਖ ਨਿਵਾਰਨ ਸਾਹਿਬ ਵਿਖੇ ਰੁਕਿਆ। ਅੰਮ੍ਰਿਤਸਰ ਦੇ ਡੇਰਾ ਬਾਬਾ ਭੂਰੀ ਵਾਲਾ ਤੋਂ ਵੀ ਅਲੌਕਿਕ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ

ਛਾਇਆ ਅਤੇ ਪੰਜ ਪਿਆਰਿਆ ਦੀ ਅਗਵਾਈ ਹੇਠ ਸ੍ਰੀ ਅਨੰਦਪੁਰ ਸਾਹਿਬ ਵਿਖੇ ਜਾਣ ਲਈ ਰਵਾਨਾ ਹੋਇਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਮੁੱਖ ਦਿਹਾੜੇ 25 ਨਵੰਬਰ ਨੂੰ ਪਾਏ ਜਾਣਗੇ। ਇੱਕ ਸਰਵ ਧਰਮ ਸੰਮੇਲਨ ਵੀ ਆਯੋਜਿਤ ਕੀਤਾ ਜਾਵੇਗਾ ਜਿਸ ਵਿੱਚ ਵੱਖ-ਵੱਖ ਭਾਈਚਾਰਿਆਂ ਦੇ ਉੱਘੇ ਧਾਰਮਿਕ ਆਗੂ ਬ੍ਰਹਮ ਕੁਮਾਰੀਆਂ ਅਤੇ ਕੁਝ ਅਖਾੜਿਆਂ ਦੇ ਨਾਲ ਹਿੱਸਾ ਲੈਣਗੇ। **ਪੇਸ਼ ਏ ਇਕ ਰਿਪੋਰਟ-BYTE:**

ਓਧਰ ਰੂਪਨਗਰ ਸਿਹਤ ਵਿਭਾਗ ਵਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਅੱਖਾਂ ਦੀ ਜਾਂਚ ਲਈ ਮੁਫ਼ਤ ਕੈਂਪ ਲਗਾਇਆ ਜਾ ਰਿਹਾ ਏ । ਇਸ ਕੈਂਪ ਵਿਚ ਰੂਪਨਗਰ ਦੇ ਸਿਵਲ ਸਰਜਨ, ਡਾਕਟਰ ਸੁਖਵਿੰਦਰਜੀਤ ਸਿੰਘ ਨੇ ਵੇਰਵੇ ਸਾਂਝੇ ਕਰਦਿਆਂ ਦਸਿਆ। BYTE:

---------------------------------------------------------------------

ਸੰਯੁਕਤ ਅਰਬ ਅਮੀਰਾਤ ਵਿੱਚ ਦੁਬਈ ਏਅਰ ਸ਼ੋਅ ਦੌਰਾਨ ਅੱਜ ਭਾਰਤੀ ਹਵਾਈ ਸੈਨਾ ਦਾ ਤੇਜਸ ਲੜਾਕੂ ਜਹਾਜ਼ ਹਾਦਸੇ ਦਾ ਸ਼ਿਕਾਰ ਹੋ ਗਿਆ। ਭਾਰਤੀ ਹਵਾਈ ਸੈਨਾ ਮੁਤਾਬਿਕ ਇਸ ਹਾਦਸੇ ਵਿੱਚ ਪਾਇਲਟ ਦੀ ਮੌਤ ਹੋ ਗਈ। ਹਾਦਸੇ ਦੇ ਕਾਰਨਾਂ ਦਾ ਪਤਾ ਲਗਾਉਣ ਲਈ ਇੱਕ ਕੋਰਟ ਆਫ਼ ਇਨਕੁਆਰੀ ਕਾਇਮ ਕੀਤੀ ਗਈ ਏ। ਭਾਰਤੀ ਹਵਾਈ

ਸੈਨਾ ਨੇ ਪਾਇਲਟ ਦੀ ਮੌਤ 'ਤੇ ਦੁੱਖ ਪ੍ਰਗਟ ਕੀਤਾ ਅਤੇ ਦੁਖੀ ਪਰਿਵਾਰ ਨਾਲ ਹਮਦਰਦੀ ਜਤਾਈ ਕੀਤੀ। ਇਹ ਹਾਦਸਾ ਉਸ ਸਮੇਂ ਹੋਇਆ ਜਦੋਂ ਲੜਾਕੂ ਜਹਾਜ਼ ਏਅਰ ਸ਼ੋਅ ਵਿੱਚ ਹਿੱਸਾ ਲੈ ਰਿਹਾ ਸੀ। ਚੀਫ਼ ਆਫ਼ ਡਿਫੈਂਸ ਸਟਾਫ਼ ਜਨਰਲ ਅਨਿਲ ਚੌਹਾਨ ਨੇ  ਇਸ ਘਟਨਾ 'ਤੇ ਦੁੱਖ ਪ੍ਰਗਟ ਕੀਤਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਜਨਰਲ ਚੌਹਾਨ ਨੇ ਕਿਹਾ, ਇਸ ਦੁੱਖ ਦੀ ਘੜੀ ਵਿੱਚ ਹਥਿਆਰਬੰਦ ਸੈਨਾਵਾਂ ਦੁਖੀ ਪਰਿਵਾਰ ਦੇ ਨਾਲ ਖੜ੍ਹੀਆਂ ਨੇ।

---------------------------------------------------------------------------

ਜਿਲਾ ਗੁਰਦਾਸਪੁਰ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ  ਵੱਲੋਂ ਕਿਸਾਨਾਂ ਨੂੰ ਹਾੜੀ ਦੀਆਂ ਫਸਲਾਂ ਸਬੰਧੀ ਤਕਨੀਕੀ ਜਾਣਕਾਰੀ ਦੇਣ ਅਤੇ ਖੇਤੀ ਨਾਲ ਸੰਬੰਧਿਤ ਨਵੀਆਂ ਤਕਨੀਕਾਂ ਤੋਂ ਜਾਣੂ ਕਰਾਉਣ ਲਈ ਅੱਜ ਇੱਕ ਜ਼ਿਲਾ ਪੱਧਰੀ ਕਿਸਾਨ ਮੇਲਾ ਲਗਾਇਆ ਗਿਆ। ਮੁੱਖ ਖੇਤੀਬਾੜੀ ਅਫਸਰ ਡਾ ਰਣਧੀਰ ਸਿੰਘ ਠਾਕੁਰ ਨੇ ਖੇਤੀਬਾੜੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ ਵੱਖ ਯੋਜਨਾਵਾਂ ਬਾਰੇ ਜਾਣਕਾਰੀ ਸਾਂਝੀ। ਉਨ੍ਹਾਂ ਦਸਿਆ  BYTE:

ਇਸ ਮੌਕੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਮਾਹਿਰ ਡਾ ਰਜਿੰਦਰ ਸਿੰਘ ਬਲ, ਡਾ ਅਨਿਲ ਕੁਮਾਰ ਖੋਖਰ, ਡਾ ਰਾਜਵਿੰਦਰ ਕੌਰ ਸਮੇਤ

ਡਾਕਟਰ ਰੇਨੂ ਵਿਰਦੀ ਅਤੇ ਹੋਰ ਮਾਹਿਰਾਂ ਨੇ ਕਿਸਾਨਾਂ ਨੂੰ ਫਸਲਾਂ ਦੀ ਕਾਸ਼ਤ ਸਬੰਧੀ ਜਾਣਕਾਰੀ ਜਦੋਂ ਕਿ ਖੇਤੀਬਾੜੀ ਵਿਕਾਸ ਅਫਸਰ ਡਾ ਦਿਲਰਾਜ ਸਿੰਘ ਨੇ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੇ ਲਾਭ ਲੈਣ ਬਾਰੇ ਕਿਸਾਨਾਂ ਨੂੰ ਅਹਿਮ ਜਾਣਕਾਰੀ ਦਿੱਤੀ।

--------------------------------------------------------------------

ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਬੀਤੇ ਦਿਨ ਈ.ਪੀ.ਐਸ.ਕਾਨ-2025 ਦੀ 55ਵੀਂ ਸਾਲਾਨਾ ਕਾਨਫਰੰਸ ਦੀ ਰੂਆਤ ਹੋਈ ਏ। ਕਾਨਫਰੰਸ ਵਿੱਚ ਲਗਭਗ 10 ਦੇਸ਼ਾਂ ਦੇ 240 ਰਾਸ਼ਟਰੀ ਤੇ 30 ਅੰਤਰ-ਰਾਸ਼ਟਰੀ ਮਾਹਰਾਂ ਸਮੇਤ ਲਗਭਗ 2,000 ਨੁਮਾਇੰਦੇ ਹਿੱਸਾ ਲੈ ਰਹੇ ਨੇ। ਸੈਂਟਰ ਫਾਰ ਦੀ ਐਡਵਾਂਸਮੈਂਟ ਆਫ਼ ਮੈਡੀਸਨ, ਕੈਨੇਡਾ ਦੇ ਪ੍ਰਸਿੱਧ ਪ੍ਰੋਫੈਸਰ ਡਾ. ਨਰੰਜਨ ਐਸ. ਢੱਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਪੌਲੀ-ਕਲੋਨਲ ਐਂਟੀਬਾਡੀਜ਼ ਦੇ ਲਾਭਕਾਰੀ ਪ੍ਰਭਾਵਾਂ ਬਾਰੇ ਆਪਣੇ ਵਿਚਾਰ ਰੱਖੇ। ਉਪ ਕੁਲਪਤੀ ਪ੍ਰੋ. ਰੇਨੂੰ ਵਿਗ ਅਤੇ ਡੀਨ ਯੂਨੀਵਰਸਿਟੀ ਇੰਸਟ੍ਰਕਸ਼ਨ ਪ੍ਰੋ. ਯੋਜਨਾ ਰਾਵਤ ਨੇ ਸਾਰਿਆਂ ਨੂੰ ਉੱਤਮਤਾ ਅਤੇ ਸਹਿਯੋਗੀ ਵਿਕਾਸ ਲਈ ਉਪਰਾਲਿਆਂ ਬਾਰੇ ਉਤਸ਼ਾਹਿਤ ਕੀਤਾ।

--------------------------------------------------------------------

ਅੱਜ ਵਿਸ਼ਵ ਟੈਲੀਵਿਜ਼ਨ ਦਿਵਸ ਏ । ਇਹ ਦਿਨ ਟੈਲੀਵਿਜ਼ਨ ਨੂੰ ਜਨਤਕ ਰਾਏ ਨੂੰ ਸੂਚਿਤ ਕਰਨ, ਸਿੱਖਿਅਤ ਕਰਨ ਅਤੇ ਪ੍ਰਭਾਵਿਤ ਕਰਨ, ਅਤੇ ਸੰਚਾਰ ਅਤੇ ਵਿਸ਼ਵ-ਵਿਆਪੀ ਸਮਝ ਨੂੰ ਉਤਸ਼ਾਹਿਤ ਕਰਨ ਵਿੱਚ ਇੱਕ ਮਹੱਤਵਪੂਰਨ ਮਾਧਿਅਮ ਵਜੋਂ ਮਾਨਤਾ ਦਿੰਦਾ ਏ ।ਸੰਯੁਕਤ ਰਾਸ਼ਟਰ ਮਹਾਸਭਾ ਨੇ 1996 ਵਿੱਚ ਇੱਕ ਮਤੇ ਰਾਹੀਂ 21 ਨਵੰਬਰ ਨੂੰ ਆਪਣੇ ਜਸ਼ਨ ਦਾ ਦਿਨ ਐਲਾਨਿਆ ਸੀ । ਭਾਰਤੀ ਟੈਲੀਵਿਜ਼ਨ ਨੈੱਟਵਰਕ 23 ਕਰੋੜ ਘਰਾਂ ਵਿੱਚ 90 ਕਰੋੜ ਦਰਸ਼ਕਾਂ ਤੱਕ ਪਹੁੰਚਦਾ ਹੈ। ਇਸ ਸਾਲ ਮਾਰਚ ਤੱਕ, ਦੇਸ਼ ਵਿੱਚ 918 ਨਿੱਜੀ ਸੈਟੇਲਾਈਟ ਚੈਨਲ ਚਲ ਰਹੇ ਨੇ ਜੋ ਇਸਦੀ ਮਜਬੂਤੀ ਨੂੰ ਦਰਸਾ ਰਹੇ ਨੇ । ਇਹ ਦਿਨ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੀ ਨਿਗਰਾਨੀ ਹੇਠ ਮਨਾਇਆ ਜਾਂਦਾ ਏ । ਆਕਾਸ਼ਵਾਣੀ ਅਤੇ ਦੂਰਦਰਸ਼ਨ ਆਪਣੇ ਪ੍ਰੋਗਰਾਮਾਂ ਰਾਹੀਂ ਜਨ ਸੰਚਾਰ ਸੇਵਾਵਾਂ ਪ੍ਰਦਾਨ ਕਰਨ, ਵਿਕਾਸ ਦਾ ਸੰਦੇਸ਼ ਫੈਲਾਉਣ ਅਤੇ ਰਾਸ਼ਟਰੀ ਏਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਮੁੱਖ ਭੂਮਿਕਾ ਨਿਭਾਉਂਦੇ ਹਨ। ਭਾਰਤ ਵਿੱਚ ਟੈਲੀਵਿਜ਼ਨ ਪ੍ਰਸਾਰਣ 15 ਸਤੰਬਰ, 1959 ਨੂੰ ਆਕਾਸ਼ਵਾਣੀ ਵਲੋਂ ਇੱਕ ਆਜ਼ਮਾਇਸ਼ ਵਜੋਂ ਸ਼ੁਰੂ ਹੋਇਆ ਸੀ। ਨਿਯਮਤ ਪ੍ਰਸਾਰਣ 1965 ਵਿੱਚ ਆਕਾਸ਼ਵਾਣੀ ਦੇ ਅੰਦਰ ਇੱਕ ਸਮਰਪਿਤ ਟੈਲੀਵਿਜ਼ਨ ਸੇਵਾ, ਦੂਰਦਰਸ਼ਨ ਦੀ ਸ਼ੁਰੂਆਤ ਨਾਲ ਸ਼ੁਰੂ ਹੋਇਆ ਸੀ। ਮੀਡੀਆ ਅਤੇ ਮਨੋਰੰਜਨ ਖੇਤਰ

ਦਾ 2024 ਵਿੱਚ ਭਾਰਤੀ ਅਰਥ-ਵਿਵਸਥਾ ਵਿੱਚ 2 ਲਖ 50 ਹਜ਼ਾਰ ਕਰੋੜ ਰੁਪਏ ਦਾ ਯੋਗਦਾਨ ਦਿੱਤਾ ਏ ।

---------------------------------------------------------------------------

ਹੁਸ਼ਿਆਰਪੁਰ ਜ਼ਿਲ੍ਹੇ ਦੇ ਪੈਰਾ ਤੈਰਾਕ ਕਪਿਲ ਦੇਵ 15 ਤੋਂ 18 ਨਵੰਬਰ ਤੱਕ ਹੋਈ 25ਵੀਂ ਪੈਰਾ ਨੈਸ਼ਨਲ ਚੈਂਪੀਅਨਸ਼ਿਪ ਵਿੱਚ, 50 ਮੀਟਰ ਬ੍ਰੈਸਟ-ਸਟ੍ਰੋਕ ਅਤੇ 100 ਮੀਟਰ ਬ੍ਰੈਸਟਸਟ੍ਰੋਕ ਮੁਕਾਬਲਿਆਂ ਵਿੱਚ ਚਾਂਦੀ ਦੇ ਤਮਗੇ ਹਾਸਲ ਕੀਤੇ। ਕਪਿਲ ਦੇਵ ਨੇ ਆਪਣੀ ਮਿਹਨਤ, ਲਗਨ ਅਤੇ ਅਨੁਸ਼ਾਸਨ ਰਾਹੀਂ ਇਹ ਉਪਲਬਧੀ ਹਾਸਲ ਕੀਤੀ। ਉਹ ਹੁਸ਼ਿਆਰਪੁਰ ਦੇ ਸਰਵਿਸਿਜ਼ ਕਲੱਬ ਵਿਖੇ ਕੋਚ ਨਿਤੀਸ਼ ਠਾਕੁਰ ਦੀ ਅਗਵਾਈ ਵਿੱਚ ਸਿਖਲਾਈ ਪ੍ਰਾਪਤ ਕਰ ਰਹੇ ਨੇ । ਪਹਿਲੀ ਵਾਰ ਹੁਸ਼ਿਆਰਪੁਰ ਦੇ ਕਿਸੇ ਪੈਰਾ-ਤੈਰਾਕ ਨੇ ਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਤਗਮਾ ਜਿਤਿਆ ਏ । ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਕਪਿਲ ਦੇਵ ਅਤੇ ਉਨ੍ਹਾਂ ਦੇ ਕੋਚ ਨਿਤੀਸ਼ ਠਾਕੁਰ ਨੂੰ ਇਸ ਪ੍ਰਾਪਤੀ 'ਤੇ ਵਧਾਈ ਦਿੱਤੀ ।

---------------------------------------------------------------------------

- ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ -ਗ੍ਰਹਿ ਮੰਤਰਾਲੇ ਨੇ ਸੀਮਾ ਸੁਰੱਖਿਆ ਬਲ ਨੂੰ ਦੁਨੀਆ ਦਾ ਸਭ ਤੋਂ ਆਧੁਨਿਕ ਬਲ ਬਣਾਉਣ ਲਈ, ਪੰਜ ਸਾਲਾਂ ਦਾ ਟੀਚਾ ਰੱਖਿਆ ਏ ।

- ਲੁਧਿਆਣਾ ਪੁਲਿਸ ਵੱਲੋਂ ਕੱਲ ਮੁਕਾਬਲੇ ਤੋਂ ਬਾਅਦ ਫੜੇ ਗਏ ਪਾਕਿਸਤਾਨੀ ਖੁਫੀਆ ਏਜੰਸੀ ਦੇ ਦੋ ਮੈਂਬਰਾਂ ਦੀ ਪਛਾਣ ਕਰਕੇ ਅਗਲੀ ਕਾਰਵਾਈ ਸ਼ੁਰੂ ਕੀਤੀ ਗਈ ।
- ਸ੍ਰੀ ਅਨੰਦਪੁਰ ਸਾਹਿਬ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਮੌਕੇ ਆਉਣ ਵਾਲੇ ਸ਼ਰਧਾਲੂਆਂ ਦਾ ਸਵਾਗਤ ਕਰਨ ਲਈ ਤਿਆਰ ।
- ਸੰਯੁਕਤ ਅਰਬ ਅਮੀਰਾਤ ਵਿੱਚ ਦੁਬਈ ਏਅਰ ਸ਼ੋਅ ਦੌਰਾਨ ਅੱਜ ਭਾਰਤੀ ਹਵਾਈ ਸੈਨਾ ਦਾ ਤੇਜਸ ਲੜਾਕੂ ਜਹਾਜ਼ ਹਾਦਸੇ ਦਾ ਸ਼ਿਕਾਰ ਹੋ ਗਿਆ- ਹਾਦਸੇ ਵਿਚ ਪਾਇਲਟ ਦੀ ਮੌਤ।

ਅਤੇ

- ਗੁਰਦਸਪੁਰ ਦੇ ਖੇਤੀਬਾੜੀ ਵਿਭਾਗ ਵੱਲੋਂ ਜਿਲਾ ਪੱਧਰੀ ਕਿਸਾਨ ਮੇਲੇ ਦਾ ਆਯੋਜਨ I

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**